ਸਲੋਕੁ ਮਃ ੩ ॥

Shalok, Third Mehl:

ਸੂਹਬ ਤਾ ਸੋਹਾਗਣੀ ਜਾ ਮੰਨਿ ਲੈਹਿ ਸਚੁ ਨਾਉ ॥

The red-robed woman becomes a happy soul-bride, only when she accepts the True Name.

ਹੇ ਸੂਹੇ ਵੇਸ ਵਾਲੀਏ! ਜੇ ਤੂੰ ਸਦਾ-ਥਿਰ (ਪ੍ਰਭੂ ਦਾ) ਨਾਮ ਮੰਨ ਲਏਂ ਤਾਂ ਤੂੰ ਸੁਹਾਗ ਭਾਗ ਵਾਲੀ ਹੋ ਜਾਏਂ।

ਸਤਿਗੁਰੁ ਅਪਣਾ ਮਨਾਇ ਲੈ ਰੂਪੁ ਚੜੀ ਤਾ ਅਗਲਾ ਦੂਜਾ ਨਾਹੀ ਥਾਉ ॥

Become pleasing to your True Guru, and you shall be totally beautified; otherwise, there is no place of rest.

ਆਪਣੇ ਗੁਰੂ ਨੂੰ ਪ੍ਰਸੰਨ ਕਰ ਲੈ, ਬੜੀ (ਨਾਮ-) ਰੰਗਣ ਚੜ੍ਹ ਆਵੇਗੀ (ਪਰ ਇਸ ਰੰਗਣ ਲਈ ਗੁਰੂ ਤੋਂ ਬਿਨਾ) ਕੋਈ ਹੋਰ ਥਾਂ ਨਹੀਂ ਹੈ।

ਐਸਾ ਸੀਗਾਰੁ ਬਣਾਇ ਤੂ ਮੈਲਾ ਕਦੇ ਨ ਹੋਵਈ ਅਹਿਨਿਸਿ ਲਾਗੈ ਭਾਉ ॥

So decorate yourself with the decorations that will never stain, and love the Lord day and night.

(ਸੋ ਗੁਰੂ ਦੀ ਸਰਨ ਪੈ ਕੇ) ਅਜੇਹਾ (ਸੋਹਣਾ ਸਿੰਗਾਰ ਬਣਾ ਜੋ ਕਦੇ ਮੈਲਾ ਨਾਹ ਹੋਵੇ ਤੇ ਦਿਨ ਰਾਤ ਤੇਰਾ ਪਿਆਰ (ਪ੍ਰਭੂ ਨਾਲ) ਬਣਿਆ ਰਹੇ।

ਨਾਨਕ ਸੋਹਾਗਣਿ ਕਾ ਕਿਆ ਚਿਹਨੁ ਹੈ ਅੰਦਰਿ ਸਚੁ ਮੁਖੁ ਉਜਲਾ ਖਸਮੈ ਮਾਹਿ ਸਮਾਇ ॥੧॥

O Nanak, what is the character of the happy soul-bride? Within her, is Truth; her face is bright and radiant, and she is absorbed in her Lord and Master. ||1||

ਹੇ ਨਾਨਕ! (ਇਸ ਤੋਂ ਬਿਨਾ) ਸੁਹਾਗ ਭਾਗ ਵਾਲੀ ਜੀਵ-ਇਸਤ੍ਰੀ ਦਾ ਹੋਰ ਕੀਹ ਲੱਛਣ ਹੋ ਸਕਦਾ ਹੈ? ਉਸ ਦੇ ਅੰਦਰ ਸੱਚਾ ਨਾਮ ਹੋਵੇ, ਮੂੰਹ (ਉਤੇ ਨਾਮ ਦੀ) ਲਾਲੀ ਹੋਵੇ ਤੇ ਉਹ ਖਸਮ-ਪ੍ਰਭੂ ਵਿਚ ਜੁੜੀ ਰਹੇ ॥੧॥

ਮਃ ੩ ॥

Third Mehl:

ਲੋਕਾ ਵੇ ਹਉ ਸੂਹਵੀ ਸੂਹਾ ਵੇਸੁ ਕਰੀ ॥

O people: I am in red, dressed in a red robe.

ਹੇ ਲੋਕੋ! ਮੈਂ (ਨਿਰੀ) ਸੂਹੇ ਵੇਸੁ ਵਾਲੀ (ਹੀ) ਹਾਂ, ਮੈਂ (ਨਿਰੇ) ਸੂਹੇ ਕੱਪੜੇ (ਹੀ) ਪਾਂਦੀ ਹਾਂ;

ਵੇਸੀ ਸਹੁ ਨ ਪਾਈਐ ਕਰਿ ਕਰਿ ਵੇਸ ਰਹੀ ॥

But my Husband Lord is not obtained by any robes; I have tried and tried, and given up wearing robes.

ਪਰ (ਨਿਰੇ) ਵੇਸਾਂ ਨਾਲ ਖਸਮ (-ਪ੍ਰਭੂ) ਨਹੀਂ ਮਿਲਦਾ, ਮੈਂ ਵੇਸ ਕਰ ਕਰ ਕੇ ਥੱਕ ਗਈ ਹਾਂ।

ਨਾਨਕ ਤਿਨੀ ਸਹੁ ਪਾਇਆ ਜਿਨੀ ਗੁਰ ਕੀ ਸਿਖ ਸੁਣੀ ॥

O Nanak, they alone obtain their Husband Lord, who listen to the Guru's Teachings.

ਹੇ ਨਾਨਕ! ਖਸਮ ਉਹਨਾਂ ਨੂੰ (ਹੀ) ਮਿਲਦਾ ਹੈ ਜਿਨ੍ਹਾਂ ਨੇ ਸਤਿਗੁਰੂ ਦੀ ਸਿੱਖਿਆ ਸੁਣੀ ਹੈ।

ਜੋ ਤਿਸੁ ਭਾਵੈ ਸੋ ਥੀਐ ਇਨ ਬਿਧਿ ਕੰਤ ਮਿਲੀ ॥੨॥

Whatever pleases Him, happens. In this way, the Husband Lord is met. ||2||

(ਜਦੋਂ ਜੀਵ-ਇਸਤ੍ਰੀ ਇਸ ਅਵਸਥਾ ਤੇ ਅੱਪੜ ਜਾਏ ਕਿ) ਜੋ ਪ੍ਰਭੂ ਨੂੰ ਭਾਉਂਦਾ ਹੈ ਉਹੀ ਹੁੰਦਾ ਹੈ, ਤਾਂ ਇਸ ਤਰ੍ਹਾਂ ਉਹ ਖਸਮ-ਪ੍ਰਭੂ ਨੂੰ ਮਿਲ ਪੈਂਦੀ ਹੈ ॥੨॥

ਪਉੜੀ ॥

Pauree:

ਹੁਕਮੀ ਸ੍ਰਿਸਟਿ ਸਾਜੀਅਨੁ ਬਹੁ ਭਿਤਿ ਸੰਸਾਰਾ ॥

By His Command, He created the creation, the world with its many species of beings.

ਉਸ ਪ੍ਰਭੂ ਨੇ ਇਹ ਸ੍ਰਿਸ਼ਟੀ ਇਹ ਸੰਸਾਰ ਆਪਣੇ ਹੁਕਮ ਅਨੁਸਾਰ ਕਈ ਕਿਸਮਾਂ ਦਾ ਬਣਾਇਆ ਹੈ।

ਤੇਰਾ ਹੁਕਮੁ ਨ ਜਾਪੀ ਕੇਤੜਾ ਸਚੇ ਅਲਖ ਅਪਾਰਾ ॥

I do not know how great Your Command is, O Unseen and Infinite True Lord.

ਹੇ ਸੱਚੇ! ਹੇ ਅਲੱਖ! ਤੇ ਹੇ ਬੇਅੰਤ ਪ੍ਰਭੂ! ਇਹ ਸਮਝ ਨਹੀਂ ਪੈਂਦੀ ਕਿ ਤੇਰਾ ਹੁਕਮ ਕੇਡਾ ਕੁ (ਬਲਵਾਨ) ਹੈ।

ਇਕਨਾ ਨੋ ਤੂ ਮੇਲਿ ਲੈਹਿ ਗੁਰ ਸਬਦਿ ਬੀਚਾਰਾ ॥

You join some with Yourself; they reflect on the Word of the Guru's Shabad.

ਕਈ ਜੀਵਾਂ ਨੂੰ ਤੂੰ ਗੁਰ-ਸ਼ਬਦ ਵਿਚ ਜੋੜ ਕੇ ਆਪਣੇ ਨਾਲ ਮਿਲਾ ਲੈਂਦਾ ਹੈਂ,

ਸਚਿ ਰਤੇ ਸੇ ਨਿਰਮਲੇ ਹਉਮੈ ਤਜਿ ਵਿਕਾਰਾ ॥

Those who are imbued with the True Lord are immaculate and pure; they conquer egotism and corruption.

ਉਹ ਹਉਮੈ-ਰੂਪ ਵਿਕਾਰ ਤਿਆਗ ਕੇ ਤੇਰੇ ਨਾਮ ਵਿਚ ਰੰਗੇ ਜਾਂਦੇ ਹਨ ਤੇ ਪਵਿਤ੍ਰ ਹੋ ਜਾਂਦੇ ਹਨ।

ਜਿਸੁ ਤੂ ਮੇਲਹਿ ਸੋ ਤੁਧੁ ਮਿਲੈ ਸੋਈ ਸਚਿਆਰਾ ॥੨॥

He alone is united with You, whom You unite with Yourself; he alone is true. ||2||

ਹੇ ਪ੍ਰਭੂ! ਜਿਸ ਨੂੰ ਤੂੰ ਮਿਲਾਂਦਾ ਹੈਂ ਉਹ ਤੈਨੂੰ ਮਿਲਦਾ ਹੈ ਤੇ ਉਹੀ ਸੱਚ ਦਾ ਵਪਾਰੀ ਹੈ ॥੨॥